ਦੁਨੀਆ ਹੁਸੀਆਰ ਬੇਦਾਰ ਜਾਗਤ ਮੁਸੀਅਤ ਹਉ ਰੇ ਭਾਈ ॥ ਨਿਗਮ ਹੁਸੀਆਰ ਪਹਰੂਆ ਦੇਖਤ ਜਮੁ ਲੇ ਜਾਈ ॥੧॥ ਰਹਾਉ ॥ ਨੀ ਬੁ ਭਇਓ ਆਂਬੁ ਆਂਬੁ ਭਇਓ ਨੀ ਬਾ ਕੇਲਾ ਪਾਕਾ ਝਾਰਿ ॥ ਨਾਲੀਏਰ ਫਲੁ ਸੇਬਰਿ ਪਾਕਾ ਮੂਰਖ ਮੁਗਧ ਗਵਾਰ ॥੧॥ ਹਰਿ ਭਇਓ ਖਾਂਡੁ ਰੇਤੁ ਮਹਿ ਬਿਖਰਿਓ ਹਸਤੀ ਚੁਨਿਓ ਨ ਜਾਈ ॥ ਕਹਿ ਕਮੀਰ ਕੁਲ ਜਾਤਿ ਪਾਂਤਿ ਤਜਿ ਚੀਟੀ ਹੋਇ ਚੁਨਿ ਖਾਈ ॥੨॥੩॥੧੨॥ {ਪੰਨਾ 972}

ਪਦਅਰਥ:- ਦੁਨੀਆ—ਹੇ ਜਗਤ (ਦੇ ਲੋਕੋ!)। ਹੁਸੀਆਰ—ਸੁਚੇਤ (ਰਹੋ)। ਬੇਦਾਰ—ਜਾਗਦੇ (ਰਹੋ)। ਮੁਸੀਅਤ ਹਉ—ਲੁੱਟੇ ਜਾ ਰਹੇ ਹੋ। ਰੇ ਭਾਈ—ਹੇ ਭਾਈ! ਨਿਗਮ—ਵੇਦ ਸ਼ਾਸਤ੍ਰ। ਹੁਸੀਆਰ ਪਹਰੂਆ—ਸੁਚੇਤ ਪਹਿਰੇਦਾਰ। ਦੇਖਤ—ਵੇਖਦਿਆਂ। ਲੇ ਜਾਈ—ਲੈ ਜਾ ਰਿਹਾ ਹੈ।1। ਰਹਾਉ।

ਨੀਬੁ—ਨਿੰਮ ਦਾ ਰੁੱਖ। ਕੇਲਾ ਪਾਕਾ—ਪੱਕਾ ਹੋਇਆ ਕੇਲਾ। ਝਾਰਿ—(ਕੰਡਿਆਂ ਵਾਲੀ) ਝਾੜੀ। ਸੇਬਰਿ—ਸਿੰਬਲ। ਮੁਗਧ—ਮੂਰਖ। ਗਵਾਰ—ਅੰਞਾਣ।1।

ਰੇਤੁ ਮਹਿ—{ਨੋਟ:- ਸੰਬੰਧਕ 'ਮਹਿ' ਦੇ ਹੁੰਦਿਆਂ ਲਫ਼ਜ਼ 'ਰੇਤੁ' ਦਾ (ੁ) ਕਾਇਮ ਰਿਹਾ ਹੈ, ਅਜਿਹੇ ਕੁਝ ਲਫ਼ਜ਼ ਐਸੇ ਹਨ ਜਿਨ੍ਹਾਂ ਦੇ ਅੰਤ ਵਿਚ ਸਦਾ (ੁ) ਟਿਕਿਆ ਰਹਿੰਦਾ ਹੈ} ਰੇਤ ਵਿਚ। ਹਸਤੀ—ਹਾਥੀਆਂ ਪਾਸੋਂ। ਪਾਂਤਿ—ਖ਼ਾਨਦਾਨ।2।

ਅਰਥ:- ਹੇ ਭਾਈ! ਹੇ ਜਗਤ ਦੇ ਲੋਕੋ! ਸੁਚੇਤ ਰਹੋ, ਜਾਗਦੇ ਰਹੋ, ਤੁਸੀ ਤਾਂ (ਆਪਣੇ ਵਲੋਂ) ਜਾਗਦੇ ਹੀ ਲੁੱਟੇ ਜਾ ਰਹੇ ਹੋ; ਵੇਦ ਸ਼ਾਸਤ੍ਰ-ਰੂਪ ਸੁਚੇਤ ਪਹਿਰੇਦਾਰਾਂ ਦੇ ਵੇਖਦਿਆਂ ਹੀ ਤੁਹਾਨੂੰ ਜਮ-ਰਾਜ ਲਈ ਜਾ ਰਿਹਾ ਹੈ (ਭਾਵ, ਸ਼ਾਸਤ੍ਰਾਂ ਦੀ ਰਾਖੀ ਪਹਿਰੇਦਾਰੀ ਵਿਚ ਭੀ ਤੁਸੀ ਅਜਿਹੇ ਕੰਮ ਕਰੀ ਜਾ ਰਹੇ ਹੋ, ਜਿਨ੍ਹਾਂ ਕਰਕੇ ਜਨਮ ਮਰਨ ਦਾ ਗੇੜ ਬਣਿਆ ਪਿਆ ਹੈ)।1। ਰਹਾਉ।

(ਸ਼ਾਸਤਰਾਂ ਦੇ ਦੱਸੇ ਕਰਮ-ਕਾਂਡ ਵਿਚ ਫਸੇ) ਮੂਰਖ ਮਤ-ਹੀਣ ਅੰਞਾਣ ਲੋਕਾਂ ਨੂੰ ਨਿੰਮ ਦਾ ਰੁੱਖ ਅੰਬ ਦਿੱਸਦਾ ਹੈ, ਅੰਬ ਦਾ ਬੂਟਾ ਨਿੰਮ ਜਾਪਦਾ ਹੈ; ਪੱਕਾ ਹੋਇਆ ਕੇਲਾ ਇਹਨਾਂ ਨੂੰ ਝਾੜੀਆਂ ਮਲੂਮ ਹੁੰਦਾ ਹੈ, ਤੇ ਸਿੰਬਲ ਇਹਨਾਂ ਨੂੰ ਨਲੀਏਰ ਦਾ ਪੱਕਾ ਫਲ ਦਿੱਸਦਾ ਹੈ।1।

ਕਬੀਰ ਆਖਦਾ ਹੈ—ਪਰਮਾਤਮਾ ਨੂੰ ਇਉਂ ਸਮਝੋ ਜਿਵੇਂ ਖੰਡ ਰੇਤ ਵਿਚ ਰਲੀ ਹੋਈ ਹੋਵੇ। ਉਹ ਖੰਡ ਹਾਥੀਆਂ ਪਾਸੋਂ ਨਹੀਂ ਚੁਣੀ ਜਾ ਸਕਦੀ। (ਹਾਂ, ਜੇ) ਕੀੜੀ ਹੋਵੇ ਤਾਂ ਉਹ (ਇਸ ਖੰਡ ਨੂੰ) ਚੁਣ ਕੇ ਖਾ ਸਕਦੀ ਹੈ, ਇਸੇ ਤਰ੍ਹਾਂ ਮਨੁੱਖ ਕੁਲ ਜਾਤ ਖ਼ਾਨਦਾਨ (ਦਾ ਮਾਨ) ਛੱਡ ਕੇ ਪ੍ਰਭੂ ਨੂੰ ਮਿਲ ਸਕਦਾ ਹੈ।2।3।12।

ਸ਼ਬਦ ਦਾ ਭਾਵ: ਸਾਡੇ ਆਤਮਕ ਜੀਵਨ ਦੇ ਰਾਖੇ ਵੇਦ-ਸ਼ਾਸਤ੍ਰਾਂ ਨੇ ਉੱਚੀ ਨੀਵੀਂ ਜਾਤ ਦਾ ਵਿਤਕਰਾ ਪੈਦਾ ਕਰਕੇ ਉੱਚੀ ਜਾਤ ਵਾਲਿਆਂ ਨੂੰ ਅਹੰਕਾਰ ਵਿਚ ਪਾ ਦਿੱਤਾ ਹੈ। ਇਹ ਰਸਤਾ ਪਰਮਾਤਮਾ ਵਾਲੇ ਪਾਸੇ ਤੋਂ ਦੂਰ ਲੈ ਜਾਂਦਾ ਹੈ।